# ਸਰਕਾਰੀ ਮੈਡੀਕਲ ਕਾਲਜ ਪਟਿਆਲਾ

ਨੰ:1(4022)ਈ1/2024/ 4363 **ਦਫਤਰੀ ਹੁਕਮ** ਮਿਤੀ- 07/02/2024

ਪੰਜਾਬ ਸਰਕਾਰ, ਮੈਡੀਕਲ ਸਿਖਿਆ ਤੇ ਖੋਜ ਵਿਭਾਗ (ਸਿਹਤ-3 ਸ਼ਾਖਾ) ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਰਾਹੀਂ ਜਾਰੀ ਹਦਾਇਤਾਂ/ਅਧਿਕਾਰਾਂ ਦੇ ਸਨਮੁੱਖ ਇਸ ਦਫਤਰ ਵੱਲੋਂ ਇਸ ਸੰਸਥਾ ਦੇ ਵੱਖ-ਵੱਖ ਵਿਭਾਗਾਂ ਵਿੱਚ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਖਾਲੀ ਆਸਾਮੀਆਂ ਦੀ ਚੋਣ ਕਰਨ ਲਈ ਲੀਡਿੰਗ ਅਖਬਾਰਾਂ ਅਤੇ ਸੰਸਥਾ ਦੀ ਵੈਬ-ਸਾਈਟ ਤੇ ਵਿਗਿਆਪਨ ਨੰ: ਡੀ.ਪੀ.ਆਰ/ਪੀਬੀ/31088 ਅਤੇ ਡੀ.ਪੀ.ਆਰ/ਐਨ.ਏ/12/21111/2023/31088 ਮਿਤੀ: 03.01.2024 ਨੂੰ ਪ੍ਰਕਾਸ਼ਿਤ ਕਰਦੇ ਹੋਏ ਬਿਨੈਕਾਰਾਂ ਪਾਸੋਂ ਸੀਨੀਅਰ ਰੈਜੀਡੈਂਟ ਦੀਆਂ ਖਾਲੀ ਆਸਾਮੀਆਂ ਭਰਨ ਲਈ ਮਿਤੀ: 20.01.2024 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਸੀ। ਨਿਰਧਾਰਿਤ ਮਿਤੀ ਤੱਕ ਬਿਨੈਕਾਰਾਂ ਪਾਸੋਂ ਪ੍ਰਾਪਤ ਅਰਜੀਆਂ ਘੋਖਣ ਉਪਰੰਤ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਚੋਣ ਕਰਨ ਲਈ ਇਸ ਸੰਸਥਾ ਦੀ ਸਲੈਕਸ਼ਨ ਕਮੇਟੀ ਵੱਲੋਂ ਕੀਤੀਆਂ ਗਈਆਂ ਸਿਫਾਰਸ਼ਾਂ ਦੇ ਸਨਮੁੱਖ ਯੋਗ ਪਾਏ ਗਏ ਨਿਮਨ ਦਰਸਾਏ ਬਿਨੈਕਾਰਾਂ ਨੂੰ ਉਨ੍ਹਾਂ ਦੇ ਵਿਭਾਗਾਂ ਵਿੱਚ ਇਸ ਸੰਸਥਾ ਵਿਖੇ ਉਹਨਾਂ ਦੇ ਨਾਵਾਂ ਸਾਹਮਣੇ ਦਰਸਾਏ ਟੈਨਿਓਰ ਲਈ ਬਤੌਰ ਸੀਨੀਅਰ ਰੈਜੀਡੈਂਟ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਚੁਣਿਆ ਜਾਂਦਾ ਹੈ:-

(1) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਚੋਣ ਦੇ ਹੁਕਮ ਇਸ ਸੰਸਥਾ ਦੀ ਵੈਬ ਸਾਈਟ (www.gmcpatiala.edu.in) ਤੇ Upload ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਸਬੰਧਤ ਉਮੀਦਵਾਰ ਇਸ ਸੰਸਥਾ ਦੇ ਦਫਤਰ ਵਿਖੇ ਹਾਜਰੀ ਰਿਪੋਰਟ ਪੇਸ਼ ਕਰਨਗੇ ਅਤੇ ਜੁਆਇਨਿੰਗ ਸਮਾਂ ਪੂਰਾ ਹੋਣ ਉਪਰੰਤ ਜੁਆਇਨਿੰਗ ਸਮੇ ਵਿਚ ਕਿਸੇ ਵੀ ਤਰ੍ਹਾਂ ਦੇ ਵਾਧੇ ਦੀ ਮੰਗ ਨਹੀਂ ਕਰਨਗੇ।

(2) ਚੁਣੇ ਗਏ ਉਮੀਦਵਾਰਾਂ ਦੀ ਜਿਸ ਵਿਭਾਗ ਵਿਚ ਬਤੌਰ ਸੀਨੀਅਰ ਰੈਜੀਡੈਂਟ ਚੋਣ ਕੀਤੀ ਗਈ ਹੈ, ਉਹ ਅੰਤਿਮ ਹੋਵੇਗੀ।

(3) ਚੁਣੇ ਗਏ ਉਮੀਦਵਾਰਾਂ ਤੇ ਸਰਕਾਰ ਦੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਵਿਚ ਦਰਸਾਈਆਂ ਸ਼ਰਤਾਂ/ਨਿਯਮ ਲਾਗੂ ਹੋਣਗੇ। ਸਰਕਾਰ ਦੀ ਨੋਟੀਫਿਕੇਸ਼ਨ ਮੀਮੋ ਨੰ: ਐਮ.ਈ.ਆਰ-ਐਚ.ਟੀ.ਐਚ307ਏ/125/2021-6 ਐਚ.ਬੀ3/ 2327-32 ਮਿਤੀ 26.08.2022 ਅਨੁਸਾਰ ਕੈਟਾਗਰੀ 7 ਵਿਚ ਚੁਣੇ ਗਏ ਉਮੀਦਵਾਰਾਂ ਨੂੰ Fixed Emoulments 81562/- ਮਿਲਣਯੋਗ ਹੈ।

(4) ਚੁਣੇ ਗਏ ਉਮੀਦਵਾਰਾਂ ਨੂੰ ਡਾਕੂਮੈਂਟਸ ਵੈਰੀਫਿਕੇਸ਼ਨ/ਯੋਗਤਾ ਚੈਕ ਕਰਨ ਉਪਰੰਤ ਹੀ ਜੁਆਇੰਨ ਕਰਵਾਇਆ ਜਾਵੇਗਾ ਜੇਕਰ ਕਿਸੇ ਉਮੀਦਵਾਰ ਦੇ ਦਸਤਾਵੇਜ਼ ਗਲਤ ਪਾਏ ਜਾਂਦੇ ਹਨ ਜਾਂ ਸੀਨੀਅਰ ਰੈਜੀਡੈਂਸੀ ਦੀ ਯੋਗਤਾ ਪੂਰੀ ਨਹੀਂ ਹੁੰਦੀ ਤਾਂ ਉਸ ਉਮੀਦਵਾਰ ਦੀ ਚੋਣ ਰੱਦ ਸਮਝੀ ਜਾਵੇਗੀ।

(5) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਮੀਦਵਾਰ ਵਿਚੋਂ ਜੇਕਰ ਕੋਈ ਉਮੀਦਵਾਰ ਇਸ ਤੋਂ ਪਹਿਲਾਂ ਪੰਜਾਬ ਸਰਕਾਰ ਅਧੀਨ ਕਿਸੇ ਵੀ ਸੰਸਥਾ ਵਿਖੇ ਬਾਂਡਿਡ ਡਾਕਟਰ ਵੱਜੋਂ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ ਤਾ ਉਸ ਡਾਕਟਰ ਵੱਲੋਂ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਲਈ ਹਾਜਰ ਹੋਣ ਸਮੇ ਇਤਰਾਜਹੀਣਤਾ ਸਰਟੀਫਿਕੇਟ ਪੇਸ਼ ਕੀਤਾ ਜਾਵੇਗਾ ਕਿ ਉਹ ਜਿਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ, ਉਸ ਸੰਸਥਾ ਨੂੰ ਡਾਕਟਰ ਦੇ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰਨ ਤੇ ਕੋਈ ਇਤਰਾਜ ਨਹੀਂ ਹੈ ਅਤੇ ਇਸ ਤੋਂ ਇਲਾਵਾ ਪੰਜਾਬ ਸਰਕਾਰ ਪਾਸ ਜੇਕਰ ਸ਼ਿਓਰਟੀ ਬਾਂਡ ਭਰਿਆ ਗਿਆ ਜਾਂ ਨਹੀ ਸਬੰਧੀ ਵੀ ਸਵੈ ਘੋਸ਼ਣਾ ਦਿੱਤੀ ਜਾਵੇਗੀ।

(6) ਕੈਟਾਗਰੀ 7 ਅਧੀਨ ਚੁਣੇ ਗਏ ਉਮੀਦਵਾਰ ਜੇਕਰ ਇਸ ਤੋਂ ਪਹਿਲਾਂ ਕੈਟਗਾਰੀ 6 ਅਧੀਨ ਬਾਂਡਿਡ ਕੈਟਾਗਰੀ ਵੱਜੋ ਕੰਮ ਕਰ ਰਹੇ ਹਨ ਉਨਾਂ ਤੇ ਉਨ੍ਹਾਂ ਵੱਲੋ ਪੀ.ਜੀ ਦੋਰਾਨ ਭਰੇ ਗਏ ਸ਼ੋਰਟੀ ਬਾਂਡ ਦੀਆਂ ਸ਼ਰਤਾ ਲਾਗੂ ਰਹਿਣਗੀਆਂ, ਅਜੀਹੇ ਉਮੀਦਵਾਰਾਂ ਵੱਲੋ ਜੇਕਰ ਸੀਨੀਅਰ ਰੈਜੀਡੈਂਸੀ ਦੇ ਟੈਨਿਓਰ ਤੋਂ ਪਹਿਲਾਂ ਸੀਨੀਅਰ ਰੈਜੀਡੈਂਸੀ ਛੱਡੀ ਜਾਂਦੀ ਹੈ ਤਾਂ ਉਹ ਸ਼ਿਓਰਟੀ ਬਾਂਡ ਦੀਆਂ ਸ਼ਰਤਾਂ ਅਤੇ ਸਰਕਾਰ ਦੀ ਨੋਟੀਫਿਕੇਸ਼ਨ ਮਿਤੀ 23.08.2022 ਅਨੁਸਾਰ ਪ੍ਰੋ-ਰਾਟਾ ਬੇਸਿਸ ਦੇ ਆਧਾਰ ਤੇ ਬਾਂਡ ਮਨੀ ਭਰਨ ਦੇ ਪਾਬੰਦ ਹੋਣਗੇ।

| Sr.No. | Name of Doctors | Father Name | Category (1 to 7) | Category-1 to 7 (PCMS, RMO, NHM, Fresh, Bonded) | Tenure of Senior Residents |
|---|---|---|---|---|---|
| | | Department of Medicine | | | |
| 1 | Dr. Yadwinder Singh | Sh. Baljit Singh | 7 | Fresh | 3 |
| 2 | Dr.Hardeep Singh | Sh. Ravinder Singh | 7 | Fresh | 3 |
| | | Department of Forensic Medicine | | | |
| 1 | Dr Merry Pal Kaur Chawla | Sh. Surinder Pal Singh Chawla | 7 | Fresh | 3 |
| | | Department of Orthopedics | | | |
| 1 | Dr. Mandeep Singh, Medical Officer, Merit No. 158/GC/2014, Civil Hospital, Malerkotla | Sh. Hardeep Singh | 1 | PCMS | 3 |
| 2 | Dr. Jaskirat Singh | Sh. Jagmeet Singh | 7 | Fresh | 3 |
| 3 | Dr. Vinay Dolar | Sh. Rajesh Kumar | 7 | Fresh | 3 |
| | | Department of Radiodiagnosis | | | |
| 1 | Dr. Cremica Gupta | Sh. Dharminder | 7 | Fresh | 3 |

| | | | | | |
|---|---|---|---|---|---|
| Department of Plastic Surgery | | | | | |
| 1 | Dr. Deepak Jindal | Sh. Ashwani Jindal | 7 | Fresh | 3 |
| Department of Urology | | | | | |
| 1 | Dr. Supran Sharma | Sh. Ashwani Kumar Sharma | 7 | Fresh | 3 |

ਡਾਇਰੈਕਟਰ ਪ੍ਰਿੰਸੀਪਲ
ਸਰਕਾਰੀ ਮੈਡੀਕਲ ਕਾਲਜ, ਪਟਿਆਲਾ

ਸੁਪਰਡੰਟ ਵਿਪਨ ਸ਼ਰਮਾ | ਸੀਨੀਅਰ ਸਹਾਇਕ ਵਿਕਰਮ ਸਿੰਘ | ਕਲਰਕ ਅਮਿਤ

ਪਿੱ:ਅੰ:ਨੰ:1(4022)ਈ1/2024/ 4364-90 ਮਿਤੀ- 07/02/2024

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮਾਨਯੋਗ ਸਕੱਤਰ, ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ।
2. ਮਾਨਯੋਗ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ)।
4. ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
5. ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ, ਚੰਡੀਗੜ੍ਹ।
6. ਡਾਇਰੈਕਟਰ, ਰੂਰਲ ਡਿਵੈਲਪਮੈਂਟ ਅਤੇ ਪੰਚਾਇਤ, ਮੋਹਾਲੀ।
7. ਡਾਇਰੈਕਟਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ
8. ਪ੍ਰਿੰਸੀਪਲ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ, ਫਰੀਦਕੋਟ
9. ਰਜਿਸਟ੍ਰਾਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼, ਫਰੀਦਕੋਟ
9. ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
10. ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਸਰਕਾਰੀ ਮੈਡੀਕਲ ਕਾਲਜ, ਪਟਿਆਲਾ।
11. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਦੇ ਪ੍ਰੋਫੈਸਰ ਤੇ ਮੁੱਖੀਆਂ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਉਪਰੋਕਤ ਚੁਣੇ ਗਏ ਉਮੀਦਵਾਰ ਨੂੰ ਸਿੱਧੇ ਤੌਰ ਤੇ ਬਤੌਰ ਸੀਨੀਅਰ ਰੈਜੀਡੈਂਟ ਹਾਜਰ ਨਾ ਕਰਵਾਇਆ ਜਾਵੇ।
12. ਪ੍ਰੋਫੈਸਰ ਤੇ ਮੁੱਖੀ ਕਮ ਚੇਅਰਮੈਨ ਮੈਡੀਕਲ ਬੋਰਡ, ਅਨਾਟਮੀ ਵਿਭਾਗ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।
13. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਵਿਚ ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਪਰੋਕਤ ਡਾਕਟਰਾਂ ਨੂੰ ਇਹ ਹੁਕਮ ਉਹਨਾਂ ਦੀ ਈ.ਮੇਲ ਪਤੇ ਤੇ ਭੇਜੇ ਜਾਂਦੇ ਹਨ।

ਡਾਇਰੈਕਟਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਜ, ਪਟਿਆਲਾ

ਸੁਪਰਡੰਟ ਵਿਪਨ ਸ਼ਰਮਾ | ਸੀਨੀਅਰ ਸਹਾਇਕ ਵਿਕਰਮ ਸਿੰਘ | ਕਲਰਕ ਅਮਿਤ